# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 05-02-2025**

- 70 ਮੈਂਬਰੀ ਦਿੱਲੀ ਵਿਧਾਨ ਸਭਾ ਚੋਣਾਂ ਲਈ ਵੋਟਾਂ ਪਾਉਣ ਦਾ ਅਮਲ ਹੁਣ ਤੋਂ ਥੋੜ੍ਹੀ ਦੇਰ ਪਹਿਲਾਂ 6 ਵਜੇ ਅਮਨ ਅਮਨ ਨਾਲ ਨੇਪਰੇ ਚੜ੍ਹਿਆ I
- ਅਮਰੀਕਾ ਤੋਂ ਡਿਪੋਰਟ ਕੀਤੇ 104 ਗੈਰ-ਕਾਨੂੰਨੀ ਭਾਰਤੀ ਪ੍ਰਵਾਸੀਆਂ ਨੂੰ ਲੈ ਕੇ, ਅਮਰੀਕੀ ਜਹਾਜ਼ ਅੱਜ ਬਾਅਦ ਦੁਪਹਿਰ ਅੰਮ੍ਰਿਤਸਰ ਹਵਾਈ ਅੱਡੇ 'ਤੇ ਪਹੁੰਚਿਆ।
- ਪੰਜਾਬ ਪੁਲਿਸ ਵੱਲੋਂ ਪਾਸਪੋਰਟ ਤਸਦੀਕ ਨੂੰ ਬਿਹਤਰ ਬਣਾਉਣ ਲਈ ਨਵੀਂ ਪ੍ਰਣਾਲੀ ਦੀ ਸ਼ੁਰੂਆਤ ਨਾਗਰਿਕ ਹੁਣ ਨੂੰ ਪਾਸਪੋਰਟ ਸੇਵਾਵਾਂ ਲਈ ਆਪਣਾ ਪ੍ਰਤੀਕਰਮ ਵੀ ਦੇ ਸਕਣਗੇ I

- 38ਵੀਆਂ ਰਾਸ਼ਟਰੀ ਖੇਡਾਂ ਵਿਚ ਪੰਜਾਬ ਨੇ ਹੁਣ ਤਕ 6 ਸੋਨੇ 9 ਚਾਂਦੀ ਅਤੇ 16 ਕਾਂਸੀ ਦੇ ਤਮਗਿਆਂ ਸਮੇਤ ਕੁਲ 31 ਤਮਗੇ ਜਿੱਤੇ ਨੇ I

---------------------------------------------------------------------

70 ਮੈਂਬਰੀ ਦਿੱਲੀ ਵਿਧਾਨ ਸਭਾ ਚੋਣਾਂ ਲਈ ਵੋਟਾਂ ਪਾਉਣ ਦਾ ਅਮਲ ਹੁਣ ਤੋਂ ਥੋੜੀ ਦੇਰ ਪਹਿਲਾਂ 6 ਵਜੇ ਅਮਨ ਅਮਨ ਨਾਲ ਸਮਾਪਤ ਹੋ ਗਿਆ ।ਵੋਟਾਂ ਪਾਉਣ ਦਾ ਕੰਮ ਸਵੇਰੇ 7 ਵਜੇ ਸ਼ੁਰੂ ਹੋਇਆ ਸੀ । ਦੁਪਹਿਰ 3 ਵਜੇ ਤੱਕ ਦਿੱਲੀ ਵਿੱਚ ਔਸਤਨ 46.55 ਫੀਸਦੀ ਪੋਲਿੰਗ ਦਰਜ ਕੀਤੀ ਗਈ ਏ। ਰਾਸ਼ਟਰੀ ਰਾਜਧਾਨੀ ਵਿੱਚ ਰਹਿਣ ਵਾਲੀਆਂ ਮਹੱਤਵਪੂਰਨ ਸ਼ਖਸੀਅਤਾਂ ਨੇ ਵੀ ਵੋਟ ਪਾਈ । ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਰਾਸ਼ਟਰਪਤੀ ਅਸਟੇਟ ਵਿੱਚ ਸਥਿਤ ਡਾ. ਰਾਜੇਂਦਰ ਪ੍ਰਸਾਦ ਕੇਂਦਰੀ ਵਿਦਿਆਲਿਆ ਵਿੱਚ ਸਥਾਪਤ ਕੇਂਦਰ ਵਿੱਚ ਆਪਣੀ ਵੋਟ ਪਾਈ। ਉਪ-ਰਾਸ਼ਟਰਪਤੀ ਜਗਦੀਪ ਧਨਖੜ ਨੇ ਨੋਰਥ ਐਵੇਨਿਊ ਪੋਲਿੰਗ ਬੂਥ 'ਤੇ ਆਪਣੀ ਵੋਟ ਪਾਈ। ਚੋਣ ਕਮਿਸ਼ਨ ਦੇ ਅਨੁਸਾਰ, ਦੁਪਹਿਰ ਸ਼ਾਮ 5 ਵਜੇ ਤੱਕ ਦਿੱਲੀ ਵਿਚ ਕੁਲ 57.70 ਫੀਸਦੀ ਵੋਟਿੰਗ ਦਰਜ ਕੀਤੀ ਗਈ , ਵੱਖ-ਵੱਖ ਜ਼ਿਲ੍ਹਿਆਂ ਵਿੱਚ

ਵੋਟਿੰਗ ਫੀਸਦੀ ਇਸ ਪ੍ਰਕਾਰ ਸੀ ।ਕੇਂਦਰੀ ਦਿੱਲੀ ਵਿੱਚ 55.24 ਫੀਸਦੀ, ਪੂਰਬੀ ਦਿੱਲੀ ਵਿੱਚ 58.98, ਨਵੀਂ ਦਿੱਲੀ ਵਿੱਚ 54.37, ਉੱਤਰੀ ਦਿੱਲੀ ਵਿੱਚ 57.24, ਉੱਤਰ ਪੂਰਬੀ ਦਿੱਲੀ ਵਿੱਚ 63.83, ਉੱਤਰ ਪੱਛਮੀ ਦਿੱਲੀ ਵਿੱਚ 58.05, ਸ਼ਾਹਦਰਾ ਵਿੱਚ 61.35, ਦੱਖਣੀ ਦਿੱਲੀ ਵਿੱਚ 55.72, ਦੱਖਣ ਪੂਰਬ ਵਿੱਚ 53.77, ਦੱਖਣ ਪੱਛਮੀ 58.86 ਅਤੇ ਪੱਛਮੀ ਦਿੱਲੀ ਵਿੱਚ 57.42 ਫੀਸਦੀ ਵੋਟਿੰਗ ਹੋਈ ਏ ।

---------------------------------------------------------------------

ਸੂਚਨਾ ਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਅੱਜ ਓਪਨ ਏ.ਆਈ. ਦੇ ਮੁਖ ਕਾਰਜਕਾਰੀ ਅਧਿਕਾਰੀ ਸੈਮ ਅਲਟਮੈਨ ਨਾਲ ਮੁਲਾਕਾਤ ਕੀਤੀ। ਸ਼੍ਰੀ ਵੈਸ਼ਨਵ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਤਕਨੋਲੋਜੀ ਦੇ ਲੋਕਤੰਤਰੀਕਰਨ ਦੇ ਹੱਕ ਵਿਚ ਨੇ ਅਤੇ ਸ਼੍ਰੀ ਅਲਟਮੈਨ ਨੇ ਪ੍ਰਧਾਨ ਮੰਤਰੀ ਦੇ ਦ੍ਰਿਸ਼ਟੀਕੋਣ ਦੀ ਸ਼ਲਾਘਾ ਕੀਤੀ। ਸ਼੍ਰੀ ਵੈਸ਼ਨਵ ਦੇ ਅਨੁਸਾਰ, ਉਨ੍ਹਾਂ ਨੇ ਓਪਨ ਏ.ਆਈ. ਦੇ ਮੁਖ ਕਾਰਜਕਾਰੀ ਅਧਿਕਾਰੀ ਨਾਲ ਸਮੁੱਚੇ ਏ.ਆਈ. ਸਟੈਕ-ਜੀ.ਪੀ.ਯੂ., ਮਾਡਲਾਂ ਅਤੇ ਐਪਸ ਦੇ ਨਿਰਮਾਣ ਦੀ ਰਣਨੀਤੀ 'ਤੇ ਚਰਚਾ ਕੀਤੀ।

---------------------------------------------------------------------

104 ਗੈਰ-ਕਾਨੂੰਨੀ ਭਾਰਤੀ ਪ੍ਰਵਾਸੀਆਂ ਨੂੰ ਲੈ ਕੇ ਇੱਕ ਅਮਰੀਕੀ ਜਹਾਜ਼ ਅੱਜ ਦੁਪਹਿਰ ਅੰਮ੍ਰਿਤਸਰ ਦੇ ਸ਼੍ਰੀ ਗੁਰੂ ਰਾਮਦਾਸ ਜੀ ਕੌਮਾਂਤਰੀ ਹਵਾਈ ਅੱਡੇ 'ਤੇ ਪਹੁੰਚਿਆ। ਸੂਤਰਾਂ ਮੁਤਾਬਿਕ ਡਿਪੋਰਟ ਕੀਤੇ ਗਏ ਇਨਾ ਵਿਅਕਤੀਆਂ ਵਿੱਚੋਂ 30 ਪੰਜਾਬ ਦੇ, ਬਾਕੀ ਚੰਡੀਗੜ੍ਹ, ਹਰਿਆਣਾ, ਗੁਜਰਾਤ, ਮਹਾਰਾਸ਼ਟਰ ਅਤੇ ਉੱਤਰ ਪ੍ਰਦੇਸ਼ ਦੇ ਨੇ। ਅੰਮ੍ਰਿਤਸਰ ਪ੍ਰਸ਼ਾਸਨ ਨੇ ਹਵਾਈ ਅੱਡੇ ਦੇ ਅਧਿਕਾਰੀਆਂ ਨਾਲ ਤਾਲਮੇਲ ਕਰਕੇ, ਸਾਰੇ ਪ੍ਰਬੰਧ ਕੀਤੇ ਨੇ। ਸਾਰੇ ਡਿਪੋਰਟ ਕੀਤੇ ਸਾਰੇ ਵਿਅਕਤੀਆਂ ਦੀ ਪੁਸ਼ਟੀ ਅਤੇ ਪਿਛੋਕੜ ਦੀ ਜਾਂਚ ਪ੍ਰਕਿਰਿਆ ਚੱਲ ਰਹੀ ਏ। ਅਮਰੀਕਾ ਵਿੱਚ ਨਵੇਂ ਸ਼ਾਸਨ ਦੇ ਸੱਤਾ ਸੰਭਾਲਣ ਤੋਂ ਬਾਅਦ ਇਹ ਪਹਿਲਾ ਦੇਸ਼ ਨਿਕਾਲਾ ਏ।

------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਪ੍ਰਯਾਗਰਾਜ ਦੇ ਮਹਾਕੰਭ ਵਿੱਚ ਤ੍ਰਿਵੇਣੀ ਸੰਗਮ ਵਿੱਚ ਪਵਿੱਤਰ ਇਸ਼ਨਾਨ ਕੀਤਾ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਇਸ ਵਿੱਚ ਹਿੱਸਾ ਲੈਣ ਵਾਲੇ ਹੋਰ ਲੱਖਾਂ ਲੋਕਾਂ ਵਾਂਗ, ਉਹ ਵੀ ਭਗਤੀ ਦੀ ਭਾਵਨਾ ਨਾਲ ਭਰ ਗਏ ਨੇ। ਸ਼੍ਰੀ ਮੋਦੀ ਨੇ ਆਸ ਪ੍ਰਗਟਾਈ ਕਿ ਮਾਂ ਗੰਗਾ ਦੇਸ਼ਵਾਸੀਆਂ ਨੂੰ

ਸ਼ਾਂਤੀ, ਗਿਆਨ, ਚੰਗੀ ਸਿਹਤ ਅਤੇ ਸਦਭਾਵਨਾ ਦਾ ਅਸ਼ੀਰਵਾਦ ਦੇਵੇਗੀ।

---------------------------------------------------------------------

ਸਮਾਜਿਕ ਸੁਰੱਖਿਆ ਮਹਿਲਾ ਅਤੇ ਬਾਲ ਵਿਕਾਸ ਵਿਭਾਗ ਪਠਾਨਕੋਟ ਵੱਲੋਂ ਔਰਤਾਂ ਲਈ ਸਿਹਤ ਸਫਾਈ ਅਤੇ ਜਾਗਰੁਕਤਾ ਕੈਂਪ ਜਿਲ੍ਹਾ ਪੱਧਰੀ ਪ੍ਰੋਗਰਾਮ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਆਯੋਜਿਤ ਕੀਤਾ ਗਿਆ। ਸਮਾਗਮ ਵਿੱਚ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ । ਵੱਖ ਵੱਖ ਵਿਭਾਗਾਂ ਵੱਲੋਂ ਬੇਟੀ ਬਚਾਓ ਬੇਟੀ ਪੜ੍ਹਾਓ, ਪੋਸਣ ਅਭਿਆਣ, ਸੀ.ਐਮ. ਦੀ ਯੋਗਸਾਲਾ ਅਤੇ ਹੋਰ ਵੱਖ ਵੱਖ ਸਟਾਲ ਲਗਾਏ ਗਏ। ਇਨ੍ਹਾਂ ਸਟਾਲਾਂ ਤੇ ਸਰਕਾਰ ਵੱਲੋਂ ਕੀਤੀ ਜਾ ਰਹੀ ਕਾਰਗੁਜਾਰੀ ਅਤੇ ਜਨਭਲਾਈ ਕਾਰਜਾਂ ਤੋਂ ਜਾਣੂ ਕਰਵਾਇਆ ਗਿਆ। ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨੇ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਯੋਜਨਾਵਾਂ ਤੇ ਚਾਨਣਾ ਪਾਇਆ । ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਅੱਜ ਧੀਆਂ ਨੇ ਅੱਜ ਹਰੇਕ ਖੇਤਰ ਅੰਦਰ ਅਪਣੀ ਜਗ੍ਹਾ ਬਣਾਈ ਏ ਅਤੇ ਅਪਣੇ ਮਾਪਿਆਂ ਦਾ ਨਾਮ ਰੋਸਨ ਕੀਤਾ ਏ । ਉਨ੍ਹਾਂ ਕਿਹਾ

ਕਿ ਅੱਜ ਵੀ ਸਮਾਜ ਅੰਦਰ ਉਨ੍ਹਾਂ ਲੋਕਾਂ ਦੀ ਮਾਨਸਿਕਤਾ ਨੂੰ ਬਦਲਣ ਦੀ ਲੋੜ ਏ ਜੋ ਧੀਆਂ ਨੂੰ ਘੱਟ ਤਰਜੀਹ ਦਿੰਦੇ ਨੇ । ਉਨ੍ਹਾਂ ਕਿਹਾ ਕਿ ਔਰਤ ਦੇ ਬਿਨ੍ਹਾਂ ਸੱਭਿਅਕ ਸਮਾਜ ਦੀ ਸਿਰਜਨਾਂ ਨਹੀਂ ਕੀਤੀ ਜਾ ਸਕਦੀ, ਇੱਕ ਪਰਿਵਾਰ ਤੇ ਸਮਾਜ ਨੂੰ ਸਹੀ ਦਿਸਾ ਦੇਣ ਵਿੱਚ ਔਰਤ ਦਾ ਬਹੁਤ ਸਹਿਯੋਗ ਰਹਿੰਦਾ ਏ।

---------------------------------------------------------------------

ਪੰਜਾਬ ਵਿੱਚ ਪਾਰਦਰਸ਼ੀ ਅਤੇ ਸਮਾਂਬੱਧ ਨਾਗਰਿਕ ਸੇਵਾਵਾਂ ਪ੍ਰਦਾਨ ਕਰਨ ਦੇ ਮੱਦੇਨਜ਼ਰ ਸੂਬਾ ਪੁਲਿਸ ਨੇ ਪਾਸਪੋਰਟ ਤਸਦੀਕ ਲਈ, ਇੱਕ ਸੁਚੱਜੀ ਤੇ ਆਧੁਨਿਕ ਪ੍ਰਣਾਲੀ ਦੀ ਸ਼ੁਰੂਆਤ ਕੀਤੀ ਏ , ਜੋ ਨਾਗਰਿਕਾਂ ਨੂੰ ਤਸਦੀਕ ਤੋਂ ਪਹਿਲਾਂ SMS. ਦੀ ਸਹੂਲਤ ਪ੍ਰਦਾਨ ਕੀਤੀ ਏ ਅਤੇ ਤਸਦੀਕ ਮਗਰੋਂ ਐਸ.ਐਮ.ਐਸ. ਰਾਹੀਂ ਬਿਨੈਕਾਰ ਆਪਣੇ ਪ੍ਰਤੀਕਰਮ ਵੀ ਦੇ ਸਕਣਗੇ। ਇਸ ਸਬੰਧੀ ਵੇਰਵੇ ਸਾਂਝੇ ਕਰਦਿਆਂ ਸਮੁਦਾਇਕ ਮਾਮਲਿਆਂ ਬਾਰੇ ਡਿਵੀਜ਼ਨ ਵਿਸ਼ੇਸ਼ DGP ਗੁਰਪ੍ਰੀਤ ਕੌਰ ਦਿਓ ਨੇ ਕਿਹਾ ਕਿ ਪੰਜਾਬ ਪੁਲਿਸ ਲੋਕਾਂ ਨੂੰ ਨਿਰਵਿਘਨ ਅਤੇ ਸੁਚੱਜੀਆਂ ਸੇਵਾਵਾਂ ਪ੍ਰਦਾਨ ਕਰਨ ਲਈ ਦਿਨ-ਰਾਤ ਕੰਮ ਕਰ ਰਹੀ ਏ। ਉਨ੍ਹਾਂ ਕਿਹਾ ਕਿ ਅਜੇ ਤੋਂ ਪੰਜਾਬ ਪੁਲਿਸ ਵੱਲੋਂ

ਬਿਨੈਕਾਰ ਨੂੰ 'ਪੀ.ਬੀ.ਸਾਂਝ' ਤੋਂ ਐਸ.ਐਮ.ਐਸ. ਰਾਹੀਂ ਸੂਚਨਾ ਭੇਜੀ ਜਾਵੇਗੀ, ਜਿਸ ਵਿੱਚ ਤਸਦੀਕ ਕਰਨ ਵਾਲੇ ਅਧਿਕਾਰੀ ਦਾ ਨਾਮ ਅਤੇ ਮੁਲਾਕਾਤ ਦੀ ਤਰੀਕ ਅਤੇ ਸਮੇਂ ਸਬੰਧੀ ਜਾਣਕਾਰੀ ਹੋਵੇਗੀ। ਇਸ ਸੁਧਾਰ ਦਾ ਉਦੇਸ਼ ਬੇਲੋੜੀ ਅਨਿਸ਼ਚਿਤਤਾ ਨੂੰ ਘਟਾਉਣਾ ਅਤੇ ਬਿਨੈਕਾਰ ਨੂੰ ਉਸਦੀ ਤਸਦੀਕ ਪ੍ਰਕਿਰਿਆ ਬਾਰੇ ਪੂਰੀ ਤਰ੍ਹਾਂ ਜਾਣੂ ਕਰਵਾਉਣਾ ਏ । ਉਨਾ ਕਿਹਾ ਕਿ ਇਸ ਤੋਂ ਇਲਾਵਾ ਨਾਗਰਿਕ ਪੋਸਟ-ਵੈਰੀਫਿਕੇਸ਼ਨ ਐਸ.ਐਮ.ਐਸ. ਰਾਹੀਂ ਆਪਣੇ ਪ੍ਰਤੀਕਰਮ ਵਿੱਚ ਸਬੰਧਤ ਅਧਿਕਾਰੀ ਦੇ ਵਿਵਹਾਰ ਸਬੰਧੀ ਰਿਪੋਰਟ ਵੀ ਭੇਜ ਸਕਣਗੇ। ਉਨ੍ਹਾਂ ਕਿਹਾ ਕਿ ਇਹ ਫੀਡਬੈਕ ਵਿਧੀ ਪੰਜਾਬ ਪੁਲਿਸ ਨੂੰ ਸੇਵਾਵਾਂ ਦੇ ਮਿਆਰਾਂ ਨੂੰ ਹੋਰ ਬਿਹਤਰ ਬਣਾਉਣ ਅਤੇ ਨਾਗਰਿਕਾਂ ਨੂੰ ਦਰਪੇਸ਼ ਸਮੱਸਿਆਵਾਂ ਨੂੰ ਤੁਰੰਤ ਹੱਲ ਕਰਨ ਵਿੱਚ ਮਦਦ ਕਰੇਗੀ।

---------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਜਿਲਾ ਕਪੂਰਥਲਾ ਵਿਚ ਸਟੇਟ ਬੈਂਕ ਆਫ ਪਟਿਆਲਾ ਬਰਾਂਚ ਸੁਲਤਾਨਪੁਰ ਲੋਧੀ ਵਿੱਚ ਹੋਏ ਬਹੁ-ਕਰੋੜੀ ਘਪਲੇ ਵਿੱਚ ਨਾਮਜਦ ਮੁਲਜ਼ਮ ਸਤਨਾਮ ਸਿੰਘ ਅਤੇ ਨੰਬਰਦਾਰ ਸਰਬਜੀਤ ਸਿੰਘ ਨੂੰ ਗ੍ਰਿਫਤਾਰ ਕੀਤਾ ਏ । ਵਿਜੀਲੈਂਸ ਬਿਊਰੋ ਦੇ

ਇੱਕ ਬੁਲਾਰੇ ਨੇ ਦੱਸਿਆ ਕਿ ਸੱਤ ਸਾਲ ਪਹਿਲਾਂ ਦਰਜ ਇੱਕ ਵਿਜੀਲੈਂਸ ਜਾਂਚ ਦੀ ਪੜਤਾਲ ਦੇ ਅਧਾਰ ਅਤੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ ਤਹਿਤ ਥਾਣਾ ਵਿਜੀਲੈਂਸ ਬਿਊਰੋ ਰੇਂਜ ਜਲੰਧਰ ਵਿਖੇ ਦਰਜ ਕੀਤਾ ਗਿਆ ਸੀ। ਇਨਾ ਮੁਲਜ਼ਮਾਂ ਨੇ ਬੈਂਕ ਦੇ ਬਰਾਂਚ ਮੈਨੇਜਰ ਤੇ ਹੋਰ ਮੁਲਾਜ਼ਮਾਂ ਸਮੇਤ ਆਮ ਵਿਅਕਤੀਆਂ ਅਤੇ ਮਾਲ ਵਿਭਾਗ ਦੇ ਅਧਿਕਾਰੀਆਂ ਨਾਲ ਮਿਲੀਭੁਗਤ ਕਰਕੇ ਭ੍ਰਿਸ਼ਟ ਤਰੀਕਿਆਂ ਨਾਲ ਇਸ ਸਟੇਟ ਬੈਂਕ ਦੇ ਮੁਲਾਜਮਾਂ ਰਾਹੀਂ ਖਜ਼ਾਨੇ ਵਿਚੋਂ ਲਿਮਟਾਂ ਰਾਹੀਂ ਪੈਸੇ ਕਢਵਾ ਕੇ ਗ਼ਬਨ ਕੀਤਾ ਸੀ। ਇਸ ਸਬੰਧੀ ਜਾਂਚ ਦੌਰਾਨ ਪਤਾ ਲੱਗਿਆ ਏ ਕਿ 30 ਅਪ੍ਰੈਲ 2016 ਤੱਕ ਦੀਆਂ 14 ਕਰਜ਼ਾ ਫਾਇਲਾਂ ਰਾਹੀਂ ਕਰੀਬ 3 ਕਰੋੜ 71 ਲੱਖ ਰੁਪਏ ਦਾ ਗਬਨ ਕੀਤਾ ਗਿਆ ਏ । ਇਸ ਘਪਲੇ ਦੌਰਾਨ ਮੁਲਜ਼ਮਾਂ ਨੇ ਅਧੂਰੀਆਂ ਰਿਪੋਰਟਾਂ ਅਤੇ ਗਰੰਟਰ ਡੀਡਾਂ ਹਾਸਲ ਕਰਕੇ ਪ੍ਰਾਈਵੇਟ ਵਿਅਕਤੀਆਂ ਅਤੇ ਮਾਲ ਵਿਭਾਗ ਦੇ ਅਧਿਕਾਰੀਆਂ/ ਨਾਲ ਮਿਲੀਭੁਗਤ ਕਰਕੇ ਫਰਜੀ ਜਮੀਨ ਉਪਰ ਫਰਜੀ ਵਿਅਕਤੀਆਂ ਦੇ ਬੈਂਕ ਲੋਨ ਮੰਨਜੂਰ ਕੀਤੇ ਸਨ। ਕਰਜਦਾਰਾਂ ਦੀ ਜਮੀਨ ਉਹਨਾਂ ਦੀ

ਮਾਲਕੀ ਨਾ ਹੋਣ ਦੇ ਬਾਵਜੂਦ ਵੀ ਪੰਜਾਬ ਸਰਕਾਰ ਦੀ ਮਾਲਕੀ ਵਾਲੀ ਜਮੀਨ ਨੂੰ ਪ੍ਰਾਈਵੇਟ ਵਿਅਕਤੀਆਂ ਦੀ ਮਾਲਕੀ ਦਿਖਾ ਕੇ ਫਰਦਾਂ, ਫਰਦ ਗਿਰਦਾਵਰੀ ਤੇ ਬਾਰ-ਰਹਿਤ ਸਰਟੀਫਿਕੇਟ ਜਾਰੀ ਕਰਵਾ ਕੇ ਆੜ-ਰਹਿਣ ਵਸੀਕੇ ਅਤੇ ਬੈਨਾਮੇ ਵਸੀਕੇ ਰਜਿਸਟਰ ਕਰਵਾਏ ਗਏ ਸਨ। ਜ਼ਿਕਰਯੋਗ ਏ ਕਿ  ਇਸ ਦੀ ਪੜਤਾਲ ਦੇ ਅਧਾਰ ਤੇ 33 ਵਿਕਅਤੀਆਂ ਖਿਲਾਫ ਮੁਕਦਮਾ  ਦਰਜ ਕੀਤਾ ਗਿਆ ਸੀ ਜਿਨ੍ਹਾਂ ਵਿੱਚੋਂ 28 ਮੁਲਜ਼ਮ ਪਹਿਲਾਂ ਹੀ ਗ੍ਰਿਫਤਾਰ ਕੀਤੇ ਜਾ ਚੁੱਕੇ ਹਨ ਅਤੇ 3 ਦੋਸ਼ੀਆਂ ਨੂੰ ਅਦਾਲਤ ਵੱਲੋਂ ਭਗੌੜਾ ਕਰਾਰ ਦਿੱਤਾ ਜਾ ਚੁੱਕਾ ਏ । ਬਾਕੀ ਰਹਿੰਦੇ ਮੁਲਜ਼ਮਾਂ ਨੂੰ ਗ੍ਰਿਫਤਾਰ ਕਰਨ ਲਈ ਵਿਜੀਲੈਂਸ ਬਿਓਰੋ ਵੱਲੋਂ ਚਾਰਾ-ਜੋਈ ਸਰਗਰਮੀ ਨਾਲ ਜਾਰੀ ਏ ।

ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਏ।

---

ਵਿਸ਼ਵ ਕੈਂਸਰ ਦਿਵਸ ਦੇ ਮੌਕੇ ਮੁਹਾਲੀ ਦੇ ਮੁੱਲਾਪੁਰ ਸਥਿਤ ਹੋਮੀ ਭਾਭਾ ਕੈਂਸਰ ਹਸਪਤਾਲ  ਵਿਖੇ ਕੈਂਸਰ ਬਾਰੇ ਜਾਗਰੂਕਤਾ ਫੈਲਾਉਣ, ਜਲਦੀ ਪਤਾ ਲਗਾਉਣ ਅਤੇ ਰੋਕਥਾਮ ਦੀ ਮਹੱਤਤਾ ਨੂੰ ਉਤਸ਼ਾਹਿਤ ਕਰਨ ਲਈ ਇੱਕ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ ।

ਇਸ ਸਮਾਗਮ ਵਿੱਚ , ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਦੇ ਪ੍ਰਸ਼ਾਸਕੀ ਸਕੱਤਰ ਕੁਮਾਰ ਰਾਹੁਲ, ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਹਸਪਤਾਲ ਪ੍ਰਸ਼ਾਸਨ ਵੱਲੋਂ ਰੰਗੋਲੀ ਬਣਾਉਣਾ, ਪੋਸਟਰ ਬਣਾਉਣਾ, ਸਲੋਗਨ ਲਿਖਣਾ ਅਤੇ ਸਰਵੋਤਮ ਵਾਰਡ ਮੁਕਾਬਲੇ ਕਰਵਾਏ ਗਏ। ਏਮਜ਼ ਮੋਹਾਲੀ, ਰਿਮਿਟ ਯੂਨੀਵਰਸਿਟੀ, ਚੰਡੀਗੜ੍ਹ ਯੂਨੀਵਰਸਿਟੀ ਅਤੇ ਚਿਤਕਾਰਾ ਯੂਨੀਵਰਸਿਟੀ ਦੇ ਵਿਦਿਆਰਥੀ ਹਸਪਤਾਲ ਦੇ ਅੰਦਰ ਨੁੱਕੜ ਨਾਟਕ ਅਤੇ ਹੋਰ ਜਾਗਰੂਕਤਾ ਗਤੀਵਿਧੀਆਂ ਵਿੱਚ ਸਰਗਰਮੀ ਨਾਲ ਹਿੱਸਾ ਲਿਆ | ਰਾਹੁਲ ਕੁਮਾਰ ਨੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ।

---------------------------------------------------------------------

ਮੌਸਮ ਵਿਭਾਗ ਨੇ ਪੰਜਾਬ ਵਿੱਚ ਅੱਜ ਕੁਝ ਥਾਈਂ ਮੀਂਹ ਪੈਣ ਦੀ ਸੰਭਾਵਨਾ ਜਤਾਈ ਏ । ਸੂਬੇ ਦੇ ਸਿਰਫ਼ ਜ਼ਿਲਾ ਗੁਰਦਾਸਪੁਰ ਵਿੱਚ ਮੀਂਹ ਨੂੰ ਲੈ ਕੇ ਯੈਲੋ ਅਲਰਟ ਤੇ ਹੋਰਨਾਂ ਜ਼ਿਲਿਆਂ ਵਿੱਚ ਕੋਈ ਅਲਰਟ ਜਾਰੀ ਨਹੀਂ ਕੀਤਾ ਗਿਆ ਏ । ਪੰਜਾਬ ਦੇ ਕੁਝ ਇਲਾਕਿਆਂ ‘ਚ ਹਲਕੀ ਧੁੰਦ ਪੈਣ ਜਦਕਿ ਜ਼ਿਆਦਾਤਰ ਜ਼ਿਲਿਆਂ ‘ਚ ਬੱਦਲ ਛਾਏ ਰਹਿਣ ਦੀ ਸੰਭਾਵਨਾ ਜਤਾਈ ਗਈ ਏ । ਮੌਸਮ ਵਿਭਾਗ ਮੁਤਾਬਕ

ਆਉਣ ਵਾਲੇ ਕੁਝ ਦਿਨਾਂ ‘ਚ ਪੱਛਮੀ ਗੜਬੜੀ ਇਕ ਵਾਰ ਫਿਰ ਸਰਗਰਮ ਹੋ ਸਕਦੀ ਏ। ਪਿਛਲੇ 24 ਘੰਟਿਆਂ ਦੌਰਾਨ ਪੰਜਾਬ ਦੇ ਪਠਾਨਕੋਟ ਅਤੇ ਮੋਗਾ ਵਿੱਚ ਇਕ ਮਿਲੀ-ਮੀਟਰ ਬਾਰਿਸ਼ ਦਰਜ ਕੀਤੀ ਗਈ। ਜਦਕਿ ਬਾਕੀ ਜ਼ਿਲੇ ਮਾਮੂਲੀ ਬੂੰਦਾ-ਬਾਂਦੀ ਦੇ ਨਾਲ ਖੁਸ਼ਕ ਰਹੇ। ਪੰਜਾਬ ਵਿੱਚ ਜਨਵਰੀ ਮਹੀਨੇ ਵਿੱਚ 59 ਫੀਸਦੀ ਘੱਟ ਮੀਂਹ ਦਰਜ ਕੀਤਾ ਗਿਆ। ਚੰਡੀਗੜ੍ਹ ਦੇ ਮੌਸਮ ਵਿਭਾਗ ਦੇ ਨਿਦੇਸ਼ਕ ਸੁਰਿੰਦਰ ਪਾਲ ਨੇ ਦਸਿਆ ਕਿ BYTE:

---------------------------------------------------------------------

ਉਤਰਾਖੰਡ ਵਿਖੇ ਹੋ ਰਹੀਆਂ 38ਵੀਆਂ ਰਾਸ਼ਟਰੀ ਖੇਡਾਂ ਵਿਚ ਨਿਸ਼ਾਨੇਬਾਜ਼ੀ ਵਿੱਚ ਹਰਿਆਣਾ ਦੀ ਸੁਰੂਚੀ ਨੇ ਅੱਜ ਦੇਹਰਾਦੂਨ ਵਿੱਚ ਰਾਸ਼ਟਰੀ ਖੇਡਾਂ ਵਿੱਚ ਮਹਿਲਾਵਾਂ ਦੇ 10 ਮੀਟਰ ਏਅਰ ਪਿਸਟਲ ਮੁਕਾਬਲੇ ਵਿੱਚ ਸੋਨ ਤਗਮਾ ਜਿੱਤਿਆ। ਉਸ ਨੇ 245.7 ਅੰਕਾਂ ਨਾਲ ਪਹਿਲਾ ਸਥਾਨ ਹਾਸਲ ਕੀਤਾ। ਪੰਜਾਬ ਦੀ ਸਿਮਰਨਪ੍ਰੀਤ ਕੌਰ ਨੇ ਕਾਂਸੀ ਦਾ ਤਗ਼ਮਾ ਜਿੱਤਿਆ ਜਦਕਿ ਹਰਿਆਣਾ ਦੀ ਪਲਕ ਕੌਰ ਨੇ

ਚਾਂਦੀ ਦਾ ਤਗ਼ਮਾ ਜਿੱਤਿਆ। ਪੰਜਾਬ ਨੇ ਹੁਣ ਤਕ 6 ਸੋਨੇ 7 ਚਾਂਦੀ ਅਤੇ 12 ਕਾਂਸੀ ਦੇ ਤਮਗਿਆਂ ਸਮੇਤ ਕੁਲ 25 ਤਮਗੇ ਜਿਤੇ ਨੇ ।

---------------------------------------------------------------

ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ

- 70 ਮੈਂਬਰੀ ਦਿੱਲੀ ਵਿਧਾਨ ਸਭਾ ਚੋਣਾਂ ਲਈ ਵੋਟਾਂ ਪਾਉਣ ਦਾ ਅਮਲ ਹੁਣ ਤੋਂ ਥੋੜੀ ਦੇਰ ਪਹਿਲਾਂ 6 ਵਜੇ ਅਮਨ ਅਮਨ ਨਾਲ ਨੇਪਰੇ ਚੜ੍ਹਿਆ I
- ਅਮਰੀਕਾ ਤੋਂ ਡਿਪੋਰਟ ਕੀਤੇ 104 ਗੈਰ-ਕਾਨੂੰਨੀ ਭਾਰਤੀ ਪ੍ਰਵਾਸੀਆਂ ਨੂੰ ਲੈ ਕੇ, ਅਮਰੀਕੀ ਜਹਾਜ਼ ਅੱਜ ਬਾਅਦ ਦੁਪਹਿਰ ਅੰਮ੍ਰਿਤਸਰ ਹਵਾਈ ਅੱਡੇ 'ਤੇ ਪਹੁੰਚਿਆ ।
- ਪੰਜਾਬ ਪੁਲਿਸ ਵੱਲੋਂ ਪਾਸਪੋਰਟ ਤਸਦੀਕ ਨੂੰ ਬਿਹਤਰ ਬਣਾਉਣ ਲਈ ਨਵੀਂ ਪ੍ਰਣਾਲੀ ਦੀ ਸ਼ੁਰੂਆਤ ਨਾਗਰਿਕ ਹੁਣ ਨੂੰ ਪਾਸਪੋਰਟ ਸੇਵਾਵਾਂ ਲਈ ਆਪਣਾ ਪ੍ਰਤੀਕਰਮ ਵੀ ਦੇ ਸਕਣਗੇ
- 38ਵੀਆਂ ਰਾਸ਼ਟਰੀ ਖੇਡਾਂ ਵਿਚ ਪੰਜਾਬ ਨੇ ਹੁਣ ਤਕ 6 ਸੋਨੇ 9 ਚਾਂਦੀ ਅਤੇ 16 ਕਾਂਸੀ ਦੇ ਤਮਗਿਆਂ ਸਮੇਤ ਕੁਲ 31 ਤਮਗੇ ਜਿੱਤੇ ਨੇ I